# ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜ਼ਿੰਦਗੀ 'ਚ ਸਫਲ ਹੋਣ ਲਈ ਅਧਿਆਪਕ ਵਰਗ ਦਾ ਹੁੰਦਾ ਹੈ ਅਹਿਮ ਰੋਲ-ਸੀ.ਜੇ.ਐਮ

### ਤੇਜ਼ਾਬ ਪੀੜਤ ਤੇ ਸੀਨੀਅਰ ਸਿਟੀਜਨ ਸਕੀਮ ਦਾ ਉਠਾਇਆ ਜਾਵੇ ਲਾਭ

### ਖਿਓ ਵਾਲੀ ਢਾਬ ਦੇ ਸਰਕਾਰੀ ਸਕੂਲ ਵਿਖੇ ਮਨਾਇਆ ਅਧਿਆਪਕ ਦਿਵਸ

### ਨੈਸ਼ਨਲ ਲੋਕ ਅਦਾਲਤ 9 ਸਤੰਬਰ ਨੂੰ

ਫਾਜ਼ਿਲਕਾ 05 ਸਤੰਬਰ

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ੍ਹ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਫਿਰੋਜ਼ਪੁਰ ਸ਼੍ਰੀ ਐਸ.ਕੇ. ਅਗਰਵਾਲ, ਵਧੀਕ ਜ਼ਿਲ੍ਹਾਂ ਅਤੇ ਸੈਸ਼ਨਜ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਸ਼੍ਰੀ ਲੱਛਮਣ ਸਿੰਘ ਦੇ ਦਿਸ਼ਾਂ ਨਿਰਦੇਸ਼ਾਂ ਹੇਠ ਅਧਿਆਪਕ ਦਿਵਸ ਮੌਕੇ ਖਿਓ ਵਾਲੀ ਢਾਬ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਕਾਨੂੰਨੀ ਸਾਖਰਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਸ਼੍ਰੀ ਕੇ. ਕੇ. ਬਾਂਸਲ ਨੇ ਦੱਸਿਆ ਕਿ ਅਧਿਆਪਕਾਂ ਨੂੰ ਵਧਾਈ ਦਿੰਦਿਆ ਕਿਹਾ ਕਿ ਅਧਿਆਪਕ ਵਰਗ ਦਾ ਜ਼ਿੰਦਗੀ ਦੀ ਕਿਸੇ ਵੀ ਮੰਜ਼ਲ 'ਤੇ ਪਹੁੰਚਣ ਵਿੱਚ ਬਹੁਤ ਅਹਿਮ ਰੋਲ ਹੁੰਦਾ ਹੈ। ਅਧਿਆਪਕ ਬੱਚਿਆਂ ਨੂੰ ਦਿਸ਼ਾ-ਪ੍ਰਦਾਨ ਕਰਦੇ ਹਨ ਕਿ ਉਨ੍ਹਾਂ ਨੇ ਜ਼ਿੰਦਗੀ ਵਿੱਚ ਕਿਵੇਂ ਅੱਗੇ ਵੱਧਣਾ ਹੈ।

ਇਸ ਮੌਕੇ ਸਕੱਤਰ ਨੇ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਲੋਕਾਂ ਵਿੱਚ ਕਾਨੂੰਨੀ ਜਾਗਰੂਕਤਾ ਵਧਾਉਣ ਦਾ ਹਰ ਸੰਭਵ ਉਪਰਾਲਾ ਕਰ ਰਹੀ ਹੈ ਤਾਂ ਜੋ ਲੋਕ ਆਪਣੇ ਕਾਨੂੰਨੀ ਹੱਕਾ ਤੋਂ ਵਾਂਝੇ ਨਾ ਰਹਿ ਜਾਣ। ਉਨ੍ਹਾਂ ਨੇ ਬੱਚਿਆਂ ਨੂੰ ਦੱਸਿਆ ਕਿ ਕੋਈ ਵੀ ਵਿਅਕਤੀ ਜੋ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦਾ ਹੋਵੇ, ਔਰਤ, ਹਿਰਾਸਤ ਵਿੱਚ ਵਿਅਕਤੀ, ਬੇਗਾਰ ਦਾ ਮਾਰਿਆ ਹੋਇਆ ਵਿਅਕਤੀ ਅਤੇ ਜਿਸ ਵਿਅਕਤੀ ਦੀ ਸਲਾਨਾ ਆਮਦਨ 1,50,000/- ਰੁਪਏ ਤੋਂ ਘੱਟ ਹੋਵੇ ਉਸ ਨੂੰ ਮੁਫ਼ਤ ਕਾਨੂੰਨੀ ਸੇਵਾ ਪ੍ਰਦਾਨ ਕੀਤੀ ਜਾਂਦੀ ਹੈ। ਮੁਫ਼ਤ ਕਾਨੂੰਨੀ ਸੇਵਾ ਵਿੱਚ ਵਕੀਲਾਂ ਦੀਆਂ ਸੇਵਾਵਾਂ, ਕੋਰਟ ਫੀਸ, ਗਵਾਹਾਂ ਦੇ ਖਰਚੇ ਆਦਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅਦਾ ਕੀਤੇ ਜਾਂਦੇ ਹਨ।

ਸੀ.ਜੇ.ਐਮ ਬਾਂਸਲ ਨੇ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਮਿਤੀ 9 ਸਤੰਬਰ 2017 ਨੂੰ ਜ਼ਿਲ੍ਹਾ ਫਾਜ਼ਿਲਕਾ ਵਿੱਚ ਲਗਾਈ ਜਾ ਰਹੀ ਹੈ ਅਤੇ ਇਸ ਦਾ ਵੱਧ ਤੋਂ ਵੱਧ ਫਾਇਦਾ ਉਠਾਓ। ਇਹ ਵੀ

ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਅਪਰਾਧ ਪੀੜਤ ਮੁਆਵਜ਼ਾ ਸਕੀਮ 2011 ਦੇ ਤਹਿਤ ਵਿਕਟਿਮ ਮੁਆਵਜਾ ਕਮੇਟੀ ਫਾਜ਼ਿਲਕਾ ਦੇ ਤਹਿਤ ਜ਼ਰੂਰਤਮੰਦ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾਂਦਾ ਹੈ ਅਤੇ ਨਾਲਸਾ ਦੁਆਰਾ ਚਲਾਈਆਂ ਸਕੀਮਾਂ ਜਿਸ ਤਰ੍ਹਾਂ ਕਿ ਤੇਜ਼ਾਬ ਪੀੜਤ ਮੁਆਵਜ਼ਾ ਸਕੀਮ, ਸੀਨੀਅਰ ਸੀਟੀਜ਼ਨ ਸਕੀਮ, ਮੰਦ ਬੁੱਧੀ ਅਤੇ ਦਿਮਾਗੀ ਕਮਜ਼ੋਰ ਬੱਚਿਆਂ ਨੂੰ ਕਾਨੂੰਨੀ ਸੇਵਾਵਾਂ ਸਕੀਮ, ਡਰੱਗ ਦੀ ਦੁਰਵਰਤੋਂ ਅਤੇ ਨਸ਼ਾਖੋਰੀ ਦਾ ਖਾਤਮਾ ਕਰਨ ਲਈ ਕਾਨੂੰਨੀ ਸੇਵਾਵਾਂ ਅਤੇ ਬੱਚਿਆਂ ਦੇ ਕਾਨੂੰਨੀ ਹੱਕਾ ਆਦਿ ਬਾਰੇ ਵੀ ਦੱਸਿਆ। ਉਨ੍ਹਾਂ ਇਹ ਵੀ ਦੱਸਿਆ ਕਿ ਬੱਚੇ ਦੇਸ਼ ਦਾ ਭਵਿੱਖ ਵੀ ਹਨ ਅਤੇ ਇਹਨਾਂ ਤੱਕ ਜਾਣਕਾਰੀ ਪਹੁੰਚਾਉਣ ਨਾਲ ਹਰ ਵਰਗ ਤੱਕ ਪਹੁੰਚ ਜਾਂਦੀ ਹੈ। ਉਨ੍ਹਾਂ ਨੇ ਸਕੂਲ ਸਟਾਫ ਨੂੰ ਅਧਿਆਪਕ ਦਿਵਸ ਦੀਆਂ ਵਧਾਇਆਂ ਦਿੱਤੀਆਂ।

ਸੈਮੀਨਾਰ ਦੌਰਾਨ ਵਕੀਲ ਸ਼੍ਰੀ ਸੋਮ ਪ੍ਰਕਾਸ਼ ਸੇਠੀ, ਪੈਰਾ ਲੀਗਲ ਵਲੰਟੀਅਰਜ਼ ਸ਼੍ਰੀ ਲੀਲਾਧਰ ਸ਼ਰਮਾ, ਸ. ਇੰਦਰਜ਼ੀਤ ਸਿੰਘ ਅਤੇ ਸ. ਗੁਰਮੀਤ ਸਿੰਘ ਨੇ ਵੀ ਬੱਚਿਆਂ ਨੂੰ ਸੰਬੋਧਨ ਕੀਤਾ। ਇਸ ਮੋਕੇ ਪੈਰਾ ਲੀਗਲ ਵਲੰਟੀਅਰਜ਼ ਸ਼੍ਰੀ ਜਸਵੰਤ ਸਿੰਘ ਅਤੇ ਸਦੂਲ ਕੁਮਾਰ ਵੀ ਮੌਜੂਦ ਸਨ।

